ਕੇਦਾਰਾ ਮਹਲਾ ੫ ॥ ਹਰਿ ਕੇ ਨਾਮ ਕੀ ਮਨ ਰੁਚੈ ॥ ਕੋਟਿ ਸਾਂਤਿ ਅਨੰਦ ਪੂਰਨ ਜਲਤ ਛਾਤੀ ਬੁਝੈ॥ ਰਹਾਉ ॥ ਸੰਤ ਮਾਰਗਿ ਚਲਤ ਪ੍ਰਾਨੀ ਪਤਿਤ ਉਧਰੇ ਮੁਚੈ ॥ ਰੇਨੁ ਜਨ ਕੀ ਲਗੀ ਮਸਤਕਿ ਅਨਿਕ ਤੀਰਥ ਸੁਚੈ ॥੧॥ ਚਰਨ ਕਮਲ ਧਿਆਨ ਭੀਤਰਿ ਘਟਿ ਘਟਹਿ ਸੁਆਮੀ ਸੁਝੈ ॥ ਸਰਨਿ ਦੇਵ ਅਪਾਰ ਨਾਨਕ ਬਹੁਰਿ ਜਮੁ ਨਹੀ ਲੁਝੈ ॥੨॥੭॥੧੫॥ {ਪੰਨਾ 1122}

ਪਦਅਰਥ:- ਮਨ—ਮਨ ਨੂੰ। ਰੁਚੈ—ਰੁਚੀ, ਚਾਹ, ਲਗਨ। ਕੋਟਿ—ਕਿਲ੍ਹੇ ਵਿਚ, ਹਿਰਦੇ ਦੇ ਕਿਲ੍ਹੇ ਵਿਚ। ਜਲਤ—(ਵਿਕਾਰਾਂ ਦੀ) ਬਲ ਰਹੀ (ਅੱਗ)। ਛਾਤੀ—ਹਿਰਦਾ। ਬੁਝੈ—(ਅੱਗ) ਬੁੱਝ ਜਾਂਦੀ ਹੈ। ਰਹਾਉ।

ਸੰਤ ਮਾਰਗਿ—ਗੁਰੂ ਦੇ (ਦੱਸੇ) ਰਾਹ ਉਤੇ। ਚਲਤ—ਤੁਰ ਰਿਹਾ। ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ। ਮੁਚੈ—ਬਹੁਤ, ਅਨੇਕਾਂ। ਉਧਰੇ—(ਵਿਕਾਰਾਂ ਤੋਂ) ਬਚ ਜਾਂਦੇ ਹਨ। ਰੇਨੁ—ਚਰਨ-ਧੂੜ। ਜਨ—ਪ੍ਰਭੂ ਦਾ ਭਗਤ। ਮਸਤਕਿ—ਮੱਥੇ ਉੱਤੇ। ਸੁਚੈ—ਸੁੱਚ, ਪਵਿੱਤ੍ਰਤਾ।1।

ਭੀਤਰਿ—ਵਿਚ। ਧਿਆਨ ਭੀਤਰਿ—ਧਿਆਨ ਵਿਚ, ਯਾਦ ਵਿਚ। ਘਟਿ—ਘਟ ਵਿਚ। ਘਟਿ ਘਟਹਿ—ਹਰੇਕ ਸਰੀਰ ਵਿਚ। ਸੁਝੈ—ਦਿੱਸਦਾ ਹੈ। ਦੇਵ—ਪ੍ਰਕਾਸ਼-ਰੂਪ ਪ੍ਰਭੂ। ਅਪਾਰ—ਬੇਅੰਤ। ਬਹੁਰਿ—ਮੁੜ। ਲੁਝੈ—ਝਗੜਦਾ।2।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਮਨ ਨੂੰ ਪਰਮਾਤਮਾ ਦੇ ਨਾਮ ਦੀ ਲਗਨ ਲੱਗ ਜਾਂਦੀ ਹੈ, ਉਸ ਦੇ ਹਿਰਦੇ ਵਿਚ ਪੂਰਨ ਸ਼ਾਂਤੀ ਆਨੰਦ ਬਣਿਆ ਰਹਿੰਦਾ ਹੈ, ਉਸ ਦੇ ਹਿਰਦੇ ਵਿਚ (ਵਿਕਾਰਾਂ ਦੀ ਪਹਿਲੀ) ਬਲ ਰਹੀ ਅੱਗ ਬੁੱਝ ਜਾਂਦੀ ਹੈ। ਰਹਾਉ।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, (ਉਸ ਦੀ ਸੰਗਤਿ ਵਿਚ ਰਹਿ ਕੇ) ਅਨੇਕਾਂ ਵਿਕਾਰੀ ਮਨੁੱਖ (ਵਿਕਾਰਾਂ ਤੋਂ) ਬਚ ਜਾਂਦੇ ਹਨ। ਜਿਸ ਮਨੁੱਖ ਦੇ ਮੱਥੇ ਉਤੇ ਪਰਮਾਤਮਾ ਦੇ ਸੇਵਕ ਦੀ ਚਰਨ-ਧੂੜ ਲੱਗਦੀ ਹੈ, (ਉਸ ਦੇ ਅੰਦਰ, ਮਾਨੋ) ਅਨੇਕਾਂ ਤੀਰਥਾਂ (ਦੇ ਇਸ਼ਨਾਨ) ਦੀ ਪਵਿੱਤ੍ਰਤਾ ਹੋ ਜਾਂਦੀ ਹੈ।1।

ਹੇ ਭਾਈ! ਜਿਸ ਮਨੁੱਖ ਦੀ ਸੁਰਤਿ ਪ੍ਰਭੂ ਦੇ ਸੋਹਣੇ ਚਰਨਾਂ ਦੇ ਧਿਆਨ ਵਿਚ ਟਿਕੀ ਰਹਿੰਦੀ ਹੈ, ਉਸ ਨੂੰ ਮਾਲਕ-ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਦਿੱਸ ਪੈਂਦਾ ਹੈ। ਹੇ ਨਾਨਕ! ਜਿਹੜਾ ਮਨੁੱਖ ਚਾਨਣ-ਰੂਪ ਬੇਅੰਤ ਪ੍ਰਭੂ ਦੀ ਸਰਨ ਵਿਚ ਆ ਜਾਂਦਾ ਹੈ, ਜਮਦੂਤ ਮੁੜ ਉਸ ਨਾਲ ਕੋਈ ਝਗੜਾ ਨਹੀਂ ਪਾਂਦਾ।2।7।15।